# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 24-02-2026**

## <u>ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ</u>

- ਕੇਂਦਰੀ ਮੰਤਰੀ ਮੰਡਲ ਨੇ ਸੇਵਾ ਤੀਰਥ ਨੂੰ ਇੱਕ ਆਲਮੀ ਮਿਸਾਲ ਬਣਾਉਣ ਦੀ ਵਚਨਬੱਧਤਾ ਸਮੇਤ ਕਈ ਅਹਿਮ ਫੈਸਲੇ ਲਏ- ਕੇਰਲ ਸੂਬੇ ਦਾ ਨਾਮ 'ਕੇਰਲਮ' ਕਰਨ ਦੀ ਤਜਵੀਜ਼ ਨੂੰ ਮਨਜ਼ੂਰੀ ਦਿੱਤੀ ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵਲੋਂ ਹੁਸ਼ਿਆਰਪੁਰ ਵਿੱਚ 'ਨਸ਼ਿਆਂ ਖ਼ਿਲਾਫ਼ ਪੈਦਲ ਯਾਤਰਾ' ਤਹਿਤ ਜਾਗਰੂਕਤਾ ਰੈਲੀ ਦੀ ਅਗਵਾਈ - ਵਿਦਿਆਰਥੀਆਂ ਤੇ ਮਾਪਿਆਂ ਨੂੰ, ਨਸ਼ਿਆਂ ਖ਼ਿਲਾਫ਼ ਲੜਾਈ ਨੂੰ ਜਨ ਅੰਦੋਲਨ ਬਣਾਉਣ ਦੀ ਕੀਤੀ ਅਪੀਲ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮਾਨਸਾ ਜ਼ਿਲ੍ਹੇ ਦੇ ਪਿੰਡ ਫਤਿਹਗੜ੍ਹ ਸਾਹਨੇਵਾਲੀ ਵਿਖੇ ਆਈ.ਟੀ.ਆਈ ਦਾ ਨੀਂਹ ਪੱਥਰ ਰੱਖਿਆ।

- ਜਲੰਧਰ ਕਾਊਂਟਰ ਇੰਟੈਲੀਜੈਂਸ ਵਲੋਂ ਜਬਰੀ ਵਸੂਲੀ ਨਾਲ ਸਬੰਧਤ ਗੋਲੀਬਾਰੀ ਦੀਆਂ ਘਟਨਾਵਾਂ ਵਿੱਚ ਸ਼ਾਮਲ, ਬੱਬਰ ਖਾਲਸਾ ਇੰਟਰਨੈਸ਼ਨਲ ਦੇ ਦੋ ਕਾਰਕੁਨ ਅਸਲੇ ਸਮੇਤ ਗ੍ਰਿਫ਼ਤਾਰ ।
- ICC ਟਵੈਂਟੀ -ਟਵੈਂਟੀ ਕ੍ਰਿਕਟ ਵਿਸ਼ਵ ਕੱਪ 'ਚ, ਅੱਜ ਸ਼ਾਮ 7 ਵਜੇ, ਗਰੁੱਪ-2 ਵਿੱਚ ਇੰਗਲੈਂਡ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ।

## ਹੁਣ ਖਬਰਾਂ ਵਿਸਥਾਰ ਨਾਲ

ਕੇਂਦਰੀ ਮੰਤਰੀ ਮੰਡਲ ਨੇ ਸੇਵਾ ਤੀਰਥ ਨੂੰ ਸੰਵੇਦਨਸ਼ੀਲ, ਜਵਾਬਦੇਹ ਅਤੇ ਨਾਗਰਿਕ-ਕੇਂਦ੍ਰਿਤ ਸ਼ਾਸਨ ਦੀ ਇੱਕ ਆਲਮੀ ਮਿਸਾਲ ਬਣਾਉਣ ਲਈ ਆਪਣੀ ਵਚਨਬੱਧਤਾ ਦੁਹਰਾਈ। ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਮੰਤਰੀ ਮੰਡਲ ਮੀਟਿੰਗ ਤੋਂ ਬਾਅਦ ਕਿਹਾ ਕਿ

ਸੇਵਾ ਤੀਰਥ ਵਿਖੇ ਪਹਿਲੀ ਕੈਬਨਿਟ ਮੀਟਿੰਗ ਵਿੱਚ ਅਪਣਾਏ ਗਏ ਸੇਵਾ ਸੰਕਲਪ ਨੇ 2047 ਤੱਕ ਭਾਰਤ ਨੂੰ ਇੱਕ ਖੁਸ਼ਹਾਲ, ਸਮਰੱਥ ਅਤੇ ਆਤਮ -ਨਿਰਭਰ ਰਾਸ਼ਟਰ ਬਣਾਉਣ ਲਈ ਕੰਪਲੈਕਸ ਨੂੰ ਰਾਸ਼ਟਰੀ ਇੱਛਾਵਾਂ ਦਾ ਇੱਕ ਸ਼ਕਤੀਸ਼ਾਲੀ ਕੇਂਦਰ ਬਣਾਉਣ ਦਾ ਸੰਕਲਪ ਲਿਆ। ਕੇਂਦਰੀ ਕੈਬਨਿਟ ਨੇ ਦੁਹਰਾਇਆ ਕਿ ਸੇਵਾ ਤੀਰਥ ਵਿਖੇ ਲਿਆ ਗਿਆ ਹਰ ਫੈਸਲਾ 140 ਕਰੋੜ ਨਾਗਰਿਕਾਂ ਦੀ ਸੇਵਾ ਦੀ ਭਾਵਨਾ ਤੋਂ ਪ੍ਰੇਰਿਤ ਹੋਵੇਗਾ ਅਤੇ ਰਾਸ਼ਟਰ ਨਿਰਮਾਣ ਦੇ ਵਿਆਪਕ ਟੀਚੇ ਨਾਲ ਜੁੜਿਆ ਹੋਵੇਗਾ। ਕੈਬਨਿਟ ਨੇ ਇਹ ਵੀ ਦੁਹਰਾਇਆ ਕਿ ਇਸ ਕੰਪਲੈਕਸ ਵਿੱਚ ਲਿਆ ਗਿਆ ਹਰ ਫੈਸਲਾ 'ਨਾਗਰਿਕ ਦੇਵੋ ਭਵ' ਦੀ ਭਾਵਨਾ ਤੋਂ ਪ੍ਰੇਰਿਤ ਹੋਵੇਗਾ। ਜ਼ਿਕਰਯੋਗ ਏ ਕਿ "ਸੇਵਾ ਦਾ ਤੀਰਥ" ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਦੇ ਨਵੇਂ ਦਫ਼ਤਰ ਕੰਪਲੈਕਸ ਨੂੰ ਦਿੱਤਾ ਗਿਆ ਨਾਮ ਏ ।
ਸੂਚਨਾ ਅਤੇ ਪ੍ਰਸਾਰਣ ਮੰਤਰੀ ਨੇ ਦੱਸਿਆ ਕਿ ਕੈਬਨਿਟ ਨੇ ਕੇਰਲ ਰਾਜ ਦਾ ਨਾਮ 'ਕੇਰਲਮ' ਕਰਨ ਦੀ ਤਜਵੀਜ਼ ਨੂੰ ਮਨਜ਼ੂਰੀ ਦੇ ਦਿੱਤੀ ਏ । ਉਨ੍ਹਾਂ ਕਿਹਾ ਕਿ ਕੇਂਦਰੀ ਕੈਬਨਿਟ ਦੀ ਪ੍ਰਵਾਨਗੀ ਤੋਂ ਬਾਅਦ, ਰਾਸ਼ਟਰਪਤੀ ਕੇਰਲ- ਨਾਮ ਤਬਦੀਲੀ ਬਿੱਲ, 2026 ਨੂੰ, ਵਿਚਾਰ ਲਈ ਕੇਰਲ ਵਿਧਾਨ ਸਭਾ ਵਿੱਚ ਭੇਜਣਗੇ। ਸ਼੍ਰੀ ਵੈਸ਼ਨਵ ਨੇ ਕਿਹਾ ਕਿ ।
BYTE

ਉਨ੍ਹਾਂ ਕਿਹਾ ਕਿ ਕੇਰਲ ਵਿਧਾਨ ਸਭਾ ਨੇ 24 ਜੂਨ, 2024 ਨੂੰ ਸੂਬੇ ਦਾ ਨਾਮ ਬਦਲ ਕੇ 'ਕੇਰਲਮ' ਕਰਨ ਲਈ ਇੱਕ ਮਤਾ ਪਾਸ ਕੀਤਾ ਸੀ।

------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਹੁਸ਼ਿਆਰਪੁਰ ਵਿੱਚ 'ਨਸ਼ਿਆਂ ਖ਼ਿਲਾਫ਼ ਪੈਦਲ ਯਾਤਰਾ' ਤਹਿਤ ਵਿਸ਼ਾਲ ਜਨ-ਜਾਗਰੂਕਤਾ ਰੈਲੀ ਵਿੱਚ ਸ਼ਮੂਲੀਅਤ ਕੀਤੀ। ਇਸ ਪੈਦਲ ਯਾਤਰਾ ਵਿੱਚ ਰਾਜਨੀਤਿਕ, ਪ੍ਰਸ਼ਾਸਨਿਕ, ਸਮਾਜਿਕ ਤੇ ਧਾਰਮਿਕ ਸੰਗਠਨਾਂ ਦੇ ਨੁਮਾਇੰਦਿਆਂ ਦੇ ਨਾਲ-ਨਾਲ ਵਿਦਿਆਰਥੀਆਂ ਤੇ ਆਮ ਨਾਗਰਿਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਗਿਆ। ਇਸ ਪੈਦਲ ਯਾਤਰਾ ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਦਾ ਸੁਨੇਹਾ ਦਿੱਤਾ। ਵੱਖ-ਵੱਖ ਥਾਵਾਂ 'ਤੇ ਸਮਾਜਿਕ ਤੇ ਧਾਰਮਿਕ ਸੰਗਠਨਾਂ ਨੇ ਰਾਜਪਾਲ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਰਾਜਪਾਲ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ, ਨਸ਼ਿਆਂ ਖ਼ਿਲਾਫ਼ ਲੜਾਈ ਨੂੰ ਜਨ ਅੰਦੋਲਨ ਬਣਾਉਣ ਤੇ ਸਰਕਾਰ ਦੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਵਿੱਚ ਸਰਗਰਮ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਲੋਕਾਂ ਨੂੰ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਅਹਦ ਵੀ ਦਵਾਇਆ।

------------------------------------------------------------------------

ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਹੁਸ਼ਿਆਰਪੁਰ ਸਥਿਤ ਵਿਸ਼ਵੇਸ਼ਵਰਾਨੰਦ ਵਿਸ਼ਵਬੰਧੂ ਇੰਸਟੀਚਿਊਟ ਆਫ਼ ਸੰਸਕ੍ਰਿਤ ਐਂਡ ਇੰਡੋਲੋਜੀਕਲ ਸਟੱਡੀਜ਼ ਦਾ ਦੌਰਾ ਕੀਤਾ । ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਵਾਈਸ ਚਾਂਸਲਰ, ਪ੍ਰੋਫੈਸਰ ਰੇਣੂ ਵਿਗ ਇਸ ਮੌਕੇ ਉਨ੍ਹਾਂ ਦੇ ਨਾਲ ਮੌਜੂਦ ਰਹੇ ਸਨ। ਰਾਜਪਾਲ ਅਤੇ ਵਾਈਸ ਚਾਂਸਲਰ ਨੇ ਰਾਸ਼ਟਰਪਤੀ ਪੁਰਸਕਾਰ ਜੇਤੂ ਆਚਾਰੀਆ ਇੰਦਰਦੱਤ ਉਨਿਆਲ ਨੂੰ ਸਮਰਪਿਤ ਇੱਕ ਸਨਮਾਨ ਖੰਡ ਜਾਰੀ ਕੀਤਾ। ਇਸ ਨੂੰ ਮੁੱਖ ਤੌਰ 'ਤੇ ਪ੍ਰੋਫੈਸਰ ਰਿਤੂ ਬਾਲਾ ਵਲੋਂ ਸੰਪਾਦਿਤ ਕੀਤਾ ਗਿਆ ਏ । ਰਾਜਪਾਲ ਨੇ ਸੰਸਥਾ ਵਿੱਚ ਸਥਿਤ ਪੰਜਾਬ ਸਰਕਾਰੀ ਅਜਾਇਬ ਘਰ ਦਾ ਦੌਰਾ ਅਤੇ ਸੰਸਥਾ ਦੀ ਲਾਇਬ੍ਰੇਰੀ ਦਾ ਨਿਰੀਖਣ ਕੀਤਾ। ਰਾਜਪਾਲ ਨੇ ਸੰਸਥਾ ਵਿੱਚ ਸੁਰੱਖਿਅਤ ਰੱਖੀਆਂ ਗਈਆਂ ਦੁਰਲੱਭ ਹੱਥ-ਲਿਖਤਾਂ ਦੀ ਵੀ ਜਾਂਚ ਕੀਤੀ। ਬਾਅਦ, ਰਾਜਪਾਲ ਨੇ ਵਿਦਿਆਰਥੀਆਂ ਨਾਲ ਇੱਕ ਵਿਸ਼ੇਸ਼ ਗੱਲਬਾਤ ਕੀਤੀ। ਉਨ੍ਹਾਂ ਸੰਸਥਾ ਵਿੱਚ ਸੁਰੱਖਿਅਤ ਵਿਰਾਸਤ ਦੇ ਗਿਆਨ ਨੂੰ ਸੁਰੱਖਿਅਤ ਰੱਖਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਤੱਕ ਇਸ ਦੇ ਸੰਚਾਰ ਨੂੰ ਯਕੀਨੀ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਅਜਿਹੀਆਂ ਸੰਸਥਾਵਾਂ ਭਾਰਤ ਦੀਆਂ ਬੌਧਿਕ ਰਿਵਾਇਤਾਂ ਨੂੰ ਸੰਭਾਲਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਨੇ ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮਾਨਸਾ ਜ਼ਿਲ੍ਹੇ ਦੇ ਪਿੰਡ ਫਤਿਹਗੜ੍ਹ ਸਾਹਨੇਵਾਲੀ ਵਿਖੇ 17 ਕਰੋੜ ਰੁਪਏ ਦੀ ਲਾਗਤ ਨਾਲ ਆਈ.ਟੀ.ਆਈ ਦਾ ਨੀਂਹ ਪੱਥਰ ਰੱਖਿਆ । ਉਨ੍ਹਾਂ ਕਿਹਾ ਕਿ ਇਹ ਆਈ.ਟੀ.ਆਈ ਇਲਾਕੇ ਦੇ ਨੌਜਵਾਨਾਂ ਲਈ ਤਕਨੀਕੀ ਸਿੱਖਿਆ ਦੇ ਨਵੇਂ ਰਾਹ ਖੋਲ੍ਹੇਗੀ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਮਕਸਦ, ਪੰਜਾਬ ਦੇ ਨੌਜਵਾਨਾਂ ਨੂੰ ਹੱਥੀਂ ਹੁਨਰ ਸਿਖਾਕੇ ਰੁਜ਼ਗਾਰ ਦੇ ਕਾਬਲ ਬਣਾਉਣਾ ਏ । ਉਦਘਾਟਨ ਕਰਨ ਤੋਂ ਬਾਅਦ ਮੁੱਖ ਮੰਤਰੀ ਨੇ ਇੱਕ ਰੈਲੀ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ।

BYTE

ਉਨ੍ਹਾਂ ਦਸਿਆ ਕਿ ਮਾਨਸਾ ਜ਼ਿਲ੍ਹੇ ਦੇ ਪਿੰਡ ਬਣਾਂਵਾਲਾ, ਡ਼ੰਡਾ ਕਲਾਂ, ਉਲਕ ਵਿਖੇ 12 ਕਰੋੜ 83 ਲੱਖ ਰੁਪਏ ਦੀ ਲਾਗਤ ਵਾਲੇ 3 ਗਰਿੱਡਾਂ ਨੂੰ ਮੰਨਜ਼ੂਰੀ ਦਿੱਤੀ ਅਤੇ 33 ਕਰੋੜ ਰੁਪਏ ਤੋਂ ਵੱਧ ਦੇ ਖਾਲਾਂ ਲਈ ਮੰਨਜ਼ੂਰ ਕੀਤੇ ਗਏ । ਮੁੱਖ ਮੰਤਰੀ ਨੇ ਇਸ ਇਲਾਕੇ ’ਚੋਂ ਲੰਘਦੇ ਘੱਗਰ ਦਰਿਆ ਉਪਰ ਪਿੰਡ ਭੁੱਲਣਵਾੜਾ ਅਤੇ ਬਰਨਾ ਵਿਖੇ ਸਾਢੇ 16 ਕਰੋੜ ਦੀ ਲਾਗਤ ਨਾਲ ਬਣਨ ਵਾਲੇ ਦੋ ਪੁਲਾਂ ਨੂੰ ਮੰਨਜ਼ੂਰੀ ਦਿੱਤੀ ਅਤੇ ਇਨ੍ਹਾਂ ਪੁਲਾਂ ਨੂੰ ਆਉਂਦੇ ਮੀਂਹਾਂ ਦੇ ਸੀਜ਼ਨ ਤੋਂ ਪਹਿਲਾਂ-ਪਹਿਲਾਂ ਬਣਾਉਣ ਦੀ ਹਦਾਇਤ ਕੀਤੀ।

---------------------------------------------------------------------------

ਜਲੰਧਰ ਕਾਊਂਟਰ ਇੰਟੈਲੀਜੈਂਸ ਨੇ ਜਬਰਨ ਵਸੂਲੀ ਨਾਲ ਸਬੰਧਤ ਗੋਲੀਬਾਰੀ ਦੀਆਂ ਘਟਨਾਵਾਂ ਵਿੱਚ ਸ਼ਾਮਲ ਬੱਬਰ ਖਾਲਸਾ ਇੰਟਰਨੈਸ਼ਨਲ ਵੱਲੋਂ ਸਮਰਥਤ ਇੱਕ ਮਾਡਿਊਲ ਦੇ ਦੋ ਮੁੱਖ ਕਾਰਕੁਨਾਂ ਨੂੰ ਇੱਕ ਪਿਸਤੌਲ, ਮੈਗਜ਼ੀਨ ਅਤੇ ਅੱਠ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸ਼ਹੀਦ ਭਗਤ ਸਿੰਘ ਨਗਰ ਦੇ ਪਿੰਡ ਕੁਲਮ ਵਾਸੀ ਸੁਖਵਿੰਦਰ ਸਿੰਘ ਉਰਫ਼ ਸੰਨੀ ਅਤੇ ਰਾਵਲ ਵਜੋਂ ਹੋਈ ਏ। ਡੀਜੀਪੀ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਬੱਬਰ ਖਾਲਸਾ ਇੰਟਰਨੈਸ਼ਨਲ ਨਾਲ ਜੁੜੇ ਵਿਦੇਸ਼ੀ ਹੈਂਡਲਰਾਂ ਗੋਪੀ ਨਵਾਸ਼ਹਿਰੀਆ, ਜੱਸੀ ਕੁਲਮ ਅਤੇ ਸੁਸ਼ਾਂਤ ਚੋਪੜਾ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ। ਮੁਲਜ਼ਮਾਂ ਨੇ ਜਬਰੀ ਵਸੂਲੀ ਲਈ ਗੜ੍ਹਸ਼ੰਕਰ ਖੇਤਰ ਵਿੱਚ ਇੱਕ ਟ੍ਰੈਵਲ ਏਜੰਟ ਦੇ ਘਰ 'ਤੇ ਦੋ ਵਾਰ ਗੋਲੀਬਾਰੀ ਕੀਤੀ ਸੀ। ਉਨ੍ਹਾਂ ਦੱਸਿਆ ਕਿ ਖੁਫੀਆ ਜਾਣਕਾਰੀ ਦੇ ਆਧਾਰ ‘ਤੇ ਕਾਰਵਾਈ ਕਰਦਿਆਂ ਟੀਮਾਂ ਨੇ ਜਲੰਧਰ-ਅੰਮ੍ਰਿਤਸਰ ਸ਼ਾਹਰਾਹ ਤੋਂ ਜਲੰਧਰ ਦੇ ਲਿਧੜਾਂ ਅੰਡਰਬ੍ਰਿਜ ਨੇੜਿਓਂ ਮੁਲਜ਼ਮਾਂ ਨੂੰ ਹਥਿਆਰ ਸਮੇਤ ਗ੍ਰਿਫ਼ਤਾਰ ਕੀਤਾ ਏ। ਇਸ ਮਾਡਿਊਲ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਅਤੇ ਇਸ ਦੇ ਹੋਰ ਮੈਂਬਰਾਂ ਦੀ ਪਛਾਣ ਕਰਨ ਲਈ ਜਾਂਚ ਜਾਰੀ ਏ। ਉਨ੍ਹਾਂ ਦੱਸਿਆ ਕਿ ਆਉਣ

ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਏ।

--------------------------------------------------------------------------------

ਰੋਪੜ ਸਥਿਤ ਭਾਰਤੀ ਤਕਨਾਲੋਜੀ ਸੰਸਥਾ ਵਿਖੇ ਇਸਦੇ 18ਵੇਂ ਸਥਾਪਨਾ ਦਿਵਸ ਮੌਕੇ ਸਮਾਰੋਹ ਦਾ ਆਯੋਜਨ ਕਰਵਾਇਆ ਗਿਆ ।
ਇਸ ਮੌਕੇ ਮੁੱਖ ਮਹਿਮਾਨ ਵਜੋਂ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸ਼ਿਰਕਤ ਕੀਤੀ। ਸੰਸਥਾ ਦੇ ਡਾਇਰੈਕਟਰ ਪ੍ਰੋਫੈਸਰ ਰਾਜੀਵ ਆਹੂਜਾ ਨੇ ਸੰਸਥਾ ਦੀ ਪ੍ਰਾਪਤੀਆਂ ਅਤੇ ਭਵਿੱਖ ਦੀ ਯੋਜਨਾਵਾਂ ਬਾਰੇ ਵੇਰਵੇ ਸਾਂਝੇ ਕੀਤੇ।

--------------------------------------------------------------------------------

ਬੀਤੇ ਦਿਨੀ ਗੁਰਦਾਸਪੁਰ ਦੀ ਆਦੀਆਂ ਪੋਸਟ 'ਤੇ ਸ਼ਹੀਦ ਹੋਏ, ਪੰਜਾਬ ਪੁਲਿਸ ਦੇ ਏ.ਐਸ.ਆਈ ਗੁਰਨਾਮ ਸਿੰਘ ਦਾ ਉਨ੍ਹਾਂ ਦੇ ਪਿੰਡ ਗਾਦੜੀਆ ਵਿੱਚ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ। ਸ਼ਹੀਦ ਦੇ ਪੁੱਤਰ ਵਲੋਂ ਚਿਖਾ ਨੂੰ ਅਗਨੀ ਦਿਤੀ ਗਈ। ਅੰਤਿਮ ਸੰਸਕਾਰ ਮੌਕੇ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ, ADGP-A.S ਰਾਏ, ਡੀ.ਆਈ.ਜੀ ਸੰਦੀਪ ਗੋਇਲ, ਅਤੇ ਐਸ.ਐਸ.ਪੀ , ਪਿੰਡ ਦੇ ਲੋਕ ਅਤੇ ਪਰਿਵਾਰਕ ਮੈਂਬਰ ਮੌਜੂਦ ਰਹੇ। ਪੁਲਿਸ ਦੀ ਇੱਕ ਟੁਕੜੀ ਨੇ ਸ਼ਹੀਦ ਨੂੰ ਸ਼ਰਧਾਂਜਲੀ

ਦਿੱਤੀ। ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਕੇ ਸਾਰਾ ਪੁਲਿਸ ਬਲ ਇਨ੍ਹਾਂ ਸ਼ਹੀਦ ਪਰਿਵਾਰਾਂ ਦੇ ਨਾਲ ਏ।

BYTE

ਇਸ ਦੌਰਾਨ, ਗੁਰਦਾਸਪੁਰ ਤੋਂ ਪਾਰਲੀਮਾਨੀ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਕੇਂਦਰੀ ਗ੍ਰਿਹ ਮੰਤਰੀ ਨੂੰ ਕੇਂਦਰ ਅਤੇ ਸੂਬੇ ਦੇ ਵੱਖ-ਵੱਖ ਸੁਰੱਖਿਆ ਏਜੰਸੀਆਂ ਦੇ ਸੀਨੀਅਰ ਪੁਲਿਸ ਅਧਿਕਾਰੀਆਂ ਦੀ ਇੱਕ ਉੱਚ ਪੱਧਰੀ ਮੀਟਿੰਗ ਬੁਲਾਉਣ ਅਤੇ ਉਨ੍ਹਾਂ ਨੂੰ ਇਸ ਦੀ ਤੁਰੰਤ, ਸਮਾਂਬੱਧ ਅਤੇ ਪਾਰਦਰਸ਼ੀ ਜਾਂਚ ਲਈ ਨਿਰਦੇਸ਼ ਦੇਣ ਦੀ ਅਪੀਲ ਕੀਤੀ।

---

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ, ਡਾ. ਬਲਬੀਰ ਸਿੰਘ ਨੇ ਅੱਜ ਨਵੇਂ ਤਰੱਕੀ ਪ੍ਰਾਪਤ ਸੀਨੀਅਰ ਮੈਡੀਕਲ ਅਫਸਰਾਂ ਲਈ ਇੱਕ ਵਿਆਪਕ ਦੋ-ਦਿਨਾਂ ਸਮਰੱਥਾ ਨਿਰਮਾਣ ਸਿਖਲਾਈ ਪ੍ਰੋਗਰਾਮ ਦਾ ਉਦਘਾਟਨ ਕੀਤਾ। ਇਸ ਵਿੱਚ ਜ਼ਿਲ੍ਹਾ ਅਤੇ ਬਲਾਕ ਪੱਧਰ 'ਤੇ ਜਨਤਕ ਸਿਹਤ ਸਪਲਾਈ ਪ੍ਰਣਾਲੀ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ ਗਿਆ। ਅਧਿਕਾਰੀਆਂ ਨੂੰ ਉਨ੍ਹਾਂ ਦੀ ਤਰੱਕੀ 'ਤੇ ਵਧਾਈ ਦਿੰਦੇ ਹੋਏ, ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਸਿਖਲਾਈ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੀਆਂ ਪ੍ਰਸ਼ਾਸਕੀ, ਪ੍ਰਬੰਧਕੀ ਅਤੇ ਪ੍ਰੋਗਰਾਮ ਲਾਗੂ ਕਰਨ ਦੀਆਂ ਸਮਰੱਥਾਵਾਂ ਨੂੰ ਵਧਾਉਣ ਲਈ ਤਿਆਰ

ਕੀਤੀ ਗਈ ਏ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਆਪਣੀਆਂ ਨਵੀਆਂ ਜ਼ਿੰਮੇਵਾਰੀਆਂ ਨੂੰ ਵਿਸ਼ਵਾਸ ਅਤੇ ਕੁਸ਼ਲਤਾ ਨਾਲ ਨਿਭਾਉਣ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਰਾਜ ਦੇ ਪ੍ਰਮੁੱਖ ਸਿਹਤ ਪਹਿਲਕਦਮੀਆਂ ਦੀ ਸਫਲਤਾ ਮੁੱਖ ਤੌਰ 'ਤੇ ਜ਼ਮੀਨੀ ਪੱਧਰ 'ਤੇ ਇਨ੍ਹਾਂ ਅਧਿਕਾਰੀਆਂ ਦੀ ਅਗਵਾਈ, ਨਿਗਰਾਨੀ ਅਤੇ ਵਚਨਬੱਧਤਾ 'ਤੇ ਨਿਰਭਰ ਕਰਦੀ ਏ। ਸਿਹਤ ਮੰਤਰੀ ਨੇ ਉਨ੍ਹਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਸਮੇਤ ਮੁੱਖ ਸਿਹਤ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਲਾਗੂਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਡਾ. ਬਲਬੀਰ ਸਿੰਘ ਨੇ ਸੀਨੀਅਰ ਮੈਡੀਕਲ ਅਧਿਕਾਰੀਆਂ ਨੂੰ ਆਮ ਆਦਮੀ ਕਲੀਨਿਕਾਂ 'ਤੇ ਦਵਾਈਆਂ ਦੀ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਨੇ SMos ਨੂੰ ਯੁੱਧ ਨਸ਼ਿਆਂ ਵਿਰੁੱਧ ਪਹਿਲਕਦਮੀ ਤਹਿਤ ਨਸ਼ਾ ਛੁਡਾਊ ਸੇਵਾਵਾਂ ਨੂੰ ਮਜ਼ਬੂਤ ਕਰਨ ਅਤੇ ਓਟ ਕਲੀਨਿਕਾਂ ਦੀ ਨਿਗਰਾਨੀ ਕਰਨ ਦਾ ਕੰਮ ਵੀ ਸੌਂਪਿਆ।

---------------------------------------------------------------------------

ਪਠਾਨਕੋਟ-ਨੈਰੋਗੇਜ ਸੈਕਸ਼ਨ 'ਤੇ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਵਿਚਕਾਰ ਰੇਲਗੱਡੀਆਂ ਦਾ ਸੰਚਾਲਨ ਜਲਦੀ ਹੀ ਮੁੜ ਸ਼ੁਰੂ ਹੋ ਜਾਵੇਗਾ। ਉੱਤਰੀ ਰੇਲਵੇ ਦੇ ਮੁੱਖ ਸੁਰੱਖਿਆ ਕਮਿਸ਼ਨਰ ਦਿਨੇਸ਼ ਚੰਦ ਦੇਸਵਾਲ ਨੇ ਅੱਜ ਚੱਕੀ ਨਦੀ 'ਤੇ ਬਣੇ 69 ਕਰੋੜ ਰੁਪਏ ਦੇ ਨੈਰੋਗੇਜ ਰੇਲਵੇ ਪੁਲ ਦਾ

ਨਿਰੀਖਣ ਕੀਤਾ। ਸੀ.ਆਰ.ਐਸ ਆਪਣੀ ਸੁਰੱਖਿਆ ਰਿਪੋਰਟ ਰੇਲਵੇ ਬੋਰਡ ਨੂੰ ਸੌਂਪੇਗਾ, ਜਿਸ ਤੋਂ ਬਾਅਦ ਦੋਵਾਂ ਸੂਬਿਆਂ ਵਿਚਕਾਰ ਨੈਰੋ ਗੇਜ ਸੈਕਸ਼ਨ 'ਤੇ ਰੇਲਗੱਡੀਆਂ ਨੂੰ ਮੁੜ ਸ਼ੁਰੂ ਕਰਨ ਬਾਰੇ ਅੰਤਿਮ ਫੈਸਲਾ ਲਿਆ ਜਾਵੇਗਾ। ਜੰਮੂ ਡਿਵੀਜ਼ਨ ਮੈਨੇਜਰ ਵਿਵੇਕ ਕੁਮਾਰ ਸਮੇਤ ਡਿਵੀਜ਼ਨਲ ਅਧਿਕਾਰੀ ਵੀ ਇਸ ਮੌਕੇ ਮੌਜੂਦ ਰਹੇ। ਜ਼ਿਕਰਯੋਗ ਏ ਕਿ ਜੁਲਾਈ 2022 ਵਿੱਚ, ਭਾਰੀ ਬਾਰਸ਼ ਕਾਰਨ, ਚੱਕੀ ਨਦੀ 'ਤੇ ਬਣਿਆ ਨੈਰੋ ਗੇਜ ਰੇਲਵੇ ਪੁਲ ਹੜ੍ਹਾਂ ਕਾਰਨ ਨੁਕਸਾਨਿਆ ਗਿਆ ਸੀ, ਜਿਸ ਤੋਂ ਬਾਅਦ ਪਠਾਨਕੋਟ ਤੋਂ ਕਾਂਗੜਾ ਘਾਟੀ ਵੱਲ ਰੇਲ ਗੱਡੀਆਂ ਦੀ ਆਵਾਜਾਈ ਪੂਰੀ ਤਰ੍ਹਾਂ ਬੰਦ ਹੋ ਗਈ ਸੀ।

-----------------------------------------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਸਥਿਤ ਪੰਜਾਬੀ ਅਧਿਐਨ ਸਕੂਲ, ਸ਼ਿਵ ਕੁਮਾਰ ਬਟਾਲਵੀ ਚੇਅਰ ਵਲੋਂ ਚੰਡੀਗੜ੍ਹ ਸਾਹਿਤ ਅਕਾਦਮੀ ਅਤੇ ਪੰਜਾਬ ਕਲਾ ਪ੍ਰੀਸ਼ਦ ਦੇ ਸਹਿਯੋਗ ਨਾਲ ਕੱਲ 25 ਫਰਵਰੀ ਨੂੰ ਇਕ ਰੋਜ਼ਾ ਰਾਸ਼ਟਰੀ ਸੈਮੀਨਾਰ ਕਰਵਾਇਆ ਜਾ ਰਿਹਾ ਏ। ਇਸ ਰਾਸ਼ਟਰੀ ਸੈਮੀਨਾਰ ਦਾ ਵਿਸ਼ਾ ''ਆਧੁਨਿਕ ਪੰਜਾਬੀ ਸਾਹਿਤ ਵਿਚ ਸ਼ਿਵ ਕੁਮਾਰ ਬਟਾਲਵੀ ਕਾਵਿ ਦਾ ਮਹੱਤਵ'' ਰੱਖਿਆ ਗਿਆ ਏ। ਇਸ ਮੌਕੇ ਵੱਖ ਵੱਖ ਮਾਹਿਰ ਵਿਚਾਰ-ਚਰਚਾ ਕਰਨਗੇ।

-----------------------------------------------------------------------------------

ਜਲੰਧਰ ਦੇ ਖੇਤਰੀ ਪਾਸਪੋਰਟ ਦਫ਼ਤਰ ਕੱਲ 25 ਫਰਵਰੀ ਨੂੰ ਪਾਸਪੋਰਟ ਅਦਾਲਤ ਲਗਾਈ ਜਾ ਰਹੀ ਏ। ਖੇਤਰੀ ਪਾਸਪੋਰਟ ਅਫ਼ਸਰ ਯਸ਼ਪਾਲ ਨੇ ਦੱਸਿਆ ਕਿ ਇਹ ਪਾਸਪੋਰਟ ਅਦਾਲਤ ਲਗਾਉਣ ਦਾ ਮੰਤਵ ਬੀਤੀ 31 ਜਨਵਰੀ ਤੱਕ ਜਮ੍ਹਾਂ ਹੋਏ ਸਾਰੀਆਂ ਸ੍ਰੇਣੀਆਂ ਦੇ ਬਿਨੈਕਾਰਾਂ ਨੂੰ ਰਾਹਤ ਪਹੁੰਚਾਉਣ ਏ  ਜਿਨ੍ਹਾਂ ਦੇ ਬਿਨੈਪੱਤਰ ਕਿਸੇ ਕਾਰਨ ਕਰਕੇ ਬਕਾਇਆ ਰਹਿ ਗਏ ਹਨ।   ਉਨ੍ਹਾਂ ਕਿਹਾ ਕਿ ਯੋਗ ਬਿਨੈਕਾਰਜ ਕੱਲ ਨੂੰ ਲੋੜੀਂਦੇ ਦਸਤਾਵੇਜ਼ ਨਾਲ ਲੈ ਕੇ ਸਵੇਰੇ 9 .30 ਵਜੇ ਤੋਂ ਦੁਪਹਿਰ 12:30 ਵਜੇ ਤੱਕ ਆ ਸਕਦੇ ਨੇ । ਉਨ੍ਹਾਂ ਸਪਸ਼ਟ ਕੀਤਾ ਕਿ ਵਿਦੇਸ਼ ਮਾਮਲੇ ਮੰਤਰਾਲੇ ਵਲੋਂ ਪਾਸਪੋਰਟ ਅਰਜ਼ੀਆਂ ਦੀ ਪ੍ਰਕਿਰਿਆ ਲਈ ਕਿਸੇ ਵੀ ਸੰਸਥਾ ਜਾਂ ਸਾਲਸੀ ਨੂੰ ਅਧਿਕਾਰਤ ਨਹੀਂ ਕੀਤਾ ਗਿਆ। ਉਨ੍ਹਾਂ ਬਿਨੈਕਾਰਾਂ ਨੂੰ ਸਲਾਹ ਦਿੱਤੀ ਕਿ ਵਿਦੇਸ਼ ਮਾਮਲੇ ਵਿਭਾਗ ਦੀ ਅਧਿਕਾਰਤ ਵੈਬਸਾਈਟ  passportindia.gov.in ਰਾਹੀਂ ਅਪਲਾਈ ਕੀਤਾ ਜਾਵੇ ਅਤੇ ਕਿਸੇ ਵੀ ਏਜੰਟ ਜਾਂ ਵਿਚੋਲੇ ਦੇ ਝਾਂਸੇ ਵਿੱਚ ਨਾ ਆਉਣ। ਉਨ੍ਹਾਂ ਕਿਹਾ ਕਿ ਬਿਨੈਕਾਰ ਪਾਸਪੋਰਟ ਸਬੰਧੀ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਲਈ ਦਫ਼ਤਰ ਆ ਸਕਦੇ ਨੇ ।

--------------------------------------------------------------------------------

ICC ਟਵੈਂਟੀ -ਟਵੈਂਟੀ ਕ੍ਰਿਕਟ ਵਿਸ਼ਵ ਕੱਪ ਵਿੱਚ, ਇੰਗਲੈਂਡ ਅਤੇ ਪਾਕਿਸਤਾਨ ਦਰਮਿਆਨ ,ਗਰੁੱਪ-2 ਵਿੱਚ ਸੁਪਰ-8 ਦਾ ਮੁਕਾਬਲਾ

ਹੋਵੇਗਾ । ਇਹ ਮੈਚ ਅੱਜ ਸ਼ਾਮ 7 ਵਜੇ ਸ਼੍ਰੀਲੰਕਾ ਦੇ ਪੱਲੇਕੇਲੇ ਅੰਤਰ-ਰਾਸ਼ਟਰੀ ਕ੍ਰਿਕਟ ਸਟੇਡੀਅਮ ਵਿੱਚ ਖੇਡਿਆ ਜਾਵੇਗਾ।

---

- ਕੇਂਦਰੀ ਮੰਤਰੀ ਮੰਡਲ ਨੇ ਸੇਵਾ ਤੀਰਥ ਨੂੰ ਇੱਕ ਆਲਮੀ ਮਿਸਾਲ ਬਣਾਉਣ ਦੀ ਵਚਨਬੱਧਤਾ ਸਮੇਤ ਕਈ ਅਹਿਮ ਫੈਸਲੇ ਲਏ- ਕੇਰਲ ਸੂਬੇ ਦਾ ਨਾਮ 'ਕੇਰਲਮ' ਕਰਨ ਦੀ ਤਜਵੀਜ਼ ਨੂੰ ਮਨਜ਼ੂਰੀ ਦਿੱਤੀ ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵਲੋਂ ਹੁਸ਼ਿਆਰਪੁਰ ਵਿੱਚ 'ਨਸ਼ਿਆਂ ਖ਼ਿਲਾਫ਼ ਪੈਦਲ ਯਾਤਰਾ' ਤਹਿਤ ਜਾਗਰੂਕਤਾ ਰੈਲੀ ਦੀ ਅਗਵਾਈ - ਵਿਦਿਆਰਥੀਆਂ ਤੇ ਮਾਪਿਆਂ ਨੂੰ, ਨਸ਼ਿਆਂ ਖ਼ਿਲਾਫ਼ ਲੜਾਈ ਨੂੰ ਜਨ ਅੰਦੋਲਨ ਬਣਾਉਣ ਦੀ ਕੀਤੀ ਅਪੀਲ ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮਾਨਸਾ ਜ਼ਿਲ੍ਹੇ ਦੇ ਪਿੰਡ ਫਤਿਹਗੜ੍ਹ ਸਾਹਨੇਵਾਲੀ ਵਿਖੇ ਆਈ.ਟੀ.ਆਈ ਦਾ ਨੀਂਹ ਪੱਥਰ ਰੱਖਿਆ ।

- ਜਲੰਧਰ ਕਾਊਂਟਰ ਇੰਟੈਲੀਜੈਂਸ ਵਲੋਂ ਜਬਰੀ ਵਸੂਲੀ ਨਾਲ ਸਬੰਧਤ ਗੋਲੀਬਾਰੀ ਦੀਆਂ ਘਟਨਾਵਾਂ ਵਿੱਚ ਸ਼ਾਮਲ, ਬੱਬਰ ਖਾਲਸਾ ਇੰਟਰਨੈਸ਼ਨਲ ਦੇ ਦੋ ਕਾਰਕੁਨ ਅਸਲੇ ਸਮੇਤ ਗ੍ਰਿਫ਼ਤਾਰ ।
- ICC ਟਵੈਂਟੀ -ਟਵੈਂਟੀ ਕ੍ਰਿਕਟ ਵਿਸ਼ਵ ਕੱਪ 'ਚ, ਅੱਜ ਸ਼ਾਮ 7 ਵਜੇ, ਗਰੁੱਪ-2 ਵਿੱਚ ਇੰਗਲੈਂਡ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**